# ਪ੍ਰਧਾਨ ਮੰਤਰੀ ਦੁਆਰਾ ਫਰਾਂਸ ਦੀ ਨੈਸ਼ਨਲ ਅਸੈਂਬਲੀ ਦੀ ਰਾਸ਼ਟਰਪਤੀ ਨਾਲ ਮੁਲਾਕਾਤ

14 ਜੁਲਾਈ, 2023

ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ 14 ਜੁਲਾਈ 2023 ਨੂੰ ਪੈਰਿਸ ਵਿੱਚ ਆਪਣੀ ਸਰਕਾਰੀ ਰਿਹਾਇਸ਼, ਹੋਟਲ ਡੀ ਲਾਸੇ ਵਿਖੇ ਦੁਪਹਿਰ ਦੇ ਖਾਣੇ ਦੌਰਾਨ ਫ੍ਰੈਂਚ ਨੈਸ਼ਨਲ ਅਸੈਂਬਲੀ ਦੀ ਰਾਸ਼ਟਰਪਤੀ ਮਾਣਯੋਗ ਸ਼੍ਰੀਮਤੀ ਯੇਲ ਬਰੌਨ-ਪੀਵੇਟ ਸਮੇਤ ਅਸੈਂਬਲੀ ਦੀ ਸੀਨੀਅਰ ਲੀਡਰਸ਼ਿਪ ਨਾਲ ਮੁਲਾਕਾਤ ਕੀਤੀ।

ਦੋਵਾਂ ਨੇਤਾਵਾਂ ਨੇ ਜਮਹੂਰੀਅਤ, ਆਜ਼ਾਦੀ, ਸਮਾਨਤਾ ਅਤੇ ਭਾਈਚਾਰੇ ਦੀਆਂ ਸਾਂਝੀਆਂ ਕਦਰਾਂ-ਕੀਮਤਾਂ ਦਾ ਉਲੇਖ ਕੀਤਾ। ਉਨ੍ਹਾਂ ਨੇ ਦੋਹਾਂ ਸੰਸਦਾਂ ਦਰਮਿਆਨ ਸਹਿਯੋਗ ਨੂੰ ਹੋਰ ਵਧਾਉਣ ਦੇ ਤਰੀਕਿਆਂ 'ਤੇ ਚਰਚਾ ਕੀਤੀ।

ਫਰਾਂਸੀਸੀ ਪੱਖ ਨੇ ਭਾਰਤੀ ਵਿਸ਼ਾਲ ਚੋਣ ਪ੍ਰਕਿਰਿਆ ਦੀ ਸ਼ਲਾਘਾ ਕੀਤੀ। ਇਸ ਵਿਚਾਰ-ਵਟਾਂਦਰੇ ਵਿੱਚ ਵਪਾਰ ਅਤੇ ਆਰਥਿਕਤਾ, ਵਾਤਾਵਰਣ, ਤਕਨਾਲੋਜੀ ਅਤੇ ਸੱਭਿਆਚਾਰ ਸਮੇਤ ਰਣਨੀਤਕ ਸਾਂਝੇਦਾਰੀ ਦੇ ਵੱਖ-ਵੱਖ ਥੰਮ੍ਹਾਂ ਨੂੰ ਵੀ ਸ਼ਾਮਲ ਕੀਤਾ ਗਿਆ। ਧਿਰਾਂ ਨੇ ਖੇਤਰੀ ਅਤੇ ਅੰਤਰਰਾਸ਼ਟਰੀ ਮੁੱਦਿਆਂ 'ਤੇ ਵੀ ਵਿਚਾਰਾਂ ਦਾ ਆਦਾਨ-ਪ੍ਰਦਾਨ ਕੀਤਾ।

**ਪੈਰਿਸ**

**14 ਜੁਲਾਈ, 2023**